ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿਖੇ 'ਦਿ ਇੰਗਲਿਸ਼ ਐੱਜ' ਪ੍ਰੋਗਰਾਮ ਦੀ ਸ਼ੁਰੂਆਤ ਦੌਰਾਨ 'ਆਪ' ਦੇ ਪੰਜਾਬ ਮਾਮਲਿਆਂ ਦੇ ਇੰਚਾਰਜ ਮਨੀਸ਼ ਸਿਸੋਦੀਆ, ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ, ਉੱਪ ਕੁਲਪਤੀ ਪ੍ਰੋ. ਕਰਮਜੀਤ ਸਿੰਘ ਤੇ ਹੋਰ। ਅਜੀਤ ਤਸਵੀਰ

ਪੰਜਾਬ ਸਰਕਾਰ ਵਲੋਂ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਲਈ 'ਦਿ ਇੰਗਲਿਸ਼ ਐੱਜ' ਪ੍ਰੋਗਰਾਮ ਸ਼ੁਰੂ

500 ਸਰਕਾਰੀ ਸਕੂਲਾਂ ਵਿਚ 9ਵੀਂ ਤੋਂ 12ਵੀਂ ਜਮਾਤ ਦੇ 3 ਲੱਖ ਵਿਦਿਆਰਥੀਆਂ ਨੂੰ ਅੰਗਰੇਜ਼ੀ ਵਿਚ ਨਿਪੁੰਨ ਬਣਾਵੇਗਾ ਪ੍ਰੋਗਰਾਮ-ਹਰਜੋਤ ਸਿੰਘ ਬੈਂਸ

ਅੰਮ੍ਰਿਤਸਰ, 28 ਅਕਤੂਬਰ (ਸੁਰਿੰਦਰਪਾਲ ਸਿੰਘ ਵਰਪਾਲ)-ਸੂਬੇ ਦੇ ਨੌਜਵਾਨਾਂ ਦੇ ਭਵਿੱਖ ਨੂੰ ਨਵੀਂ ਦਿਸ਼ਾ ਦੇਣ ਵੱਲ ਇੱਕ ਅਹਿਮ ਕਦਮ ਚੁੱਕਦਿਆਂ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਆਮ ਆਦਮੀ ਪਾਰਟੀ ਦੇ ਪੰਜਾਬ ਇੰਚਾਰਜ ਮਨੀਸ਼ ਸਿਸੋਦੀਆ ਨਾਲ ਅੱਜ 'ਦਿ ਇੰਗਲਿਸ਼ ਐੱਜ-ਲਰਨ ਸਮਾਰਟ, ਸਪੀਕ ਸ਼ਾਰਪ' ਪ੍ਰੋਗਰਾਮ ਦੀ ਸ਼ੁਰੂਆਤ ਕੀਤੀ, ਜਿਸ ਤਹਿਤ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਵਿਸ਼ਵ ਪੱਧਰੀ ਅੰਗਰੇਜ਼ੀ ਸੰਚਾਰ ਹੁਨਰਾਂ ਨਾਲ ਲੈਸ ਕੀਤਾ ਜਾਵੇਗਾ। ਸ. ਬੈਂਸ ਨੇ ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਵਿਖੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਮੌਜੂਦਾ ਸਮੇਂ ਇਹ ਵੱਕਾਰੀ ਪ੍ਰੋਗਰਾਮ ਪੰਜਾਬ ਦੇ 500 ਸਰਕਾਰੀ ਸਕੂਲਾਂ ਵਿਚ 9ਵੀਂ ਤੋਂ 12ਵੀਂ ਜਮਾਤ ਦੇ 3 ਲੱਖ ਵਿਦਿਆਰਥੀਆਂ ਨੂੰ ਸਿੱਖਿਅਤ ਬਣਾਉਣ ਲਈ ਸ਼ੁਰੂ ਕੀਤਾ ਗਿਆ ਹੈ, ਜਿਸ ਨਾਲ ਉਨ੍ਹਾਂ ਨੂੰ ਆਤਮ ਵਿਸ਼ਵਾਸ ਨਾਲ ਅੰਗਰੇਜ਼ੀ ਬੋਲਣ, ਪੜ੍ਹਨ ਤੇ ਸੋਚਣ ਦੇ ਹੁਨਰਾਂ ਨਾਲ ਲੈਸ ਕੀਤਾ ਜਾ ਰਿਹਾ ਹੈ ਤੇ ਇਸਦੇ ਨਾਲ ਹੀ ਉਨ੍ਹਾਂ ਦੀ ਰੋਜ਼ਗਾਰਯੋਗਤਾ ਤੇ ਵਿਸ਼ਵ ਪੱਧਰ ਤੱਕ ਪਹੁੰਚ ਨੂੰ ਵਧਾਇਆ ਜਾ ਰਿਹਾ ਹੈ। ਪੰਜਾਬ ਦੀ ਸਿੱਖਿਆ ਪ੍ਰਣਾਲੀ ਵਿਚ ਕ੍ਰਾਂਤੀਕਾਰੀ ਬਦਲਾਅ ਲਿਆਉਣ ਵਾਲੇ 'ਪੰਜਾਬ ਸਿੱਖਿਆ ਕ੍ਰਾਂਤੀ' ਨੂੰ ਇੱਕ ਮੀਲ ਪੱਥਰ ਦੱਸਦਿਆਂ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਇਹ ਪ੍ਰੋਗਰਾਮ ਸਕੂਲ ਵਿਚ ਡਿਜ਼ੀਟਲ ਰਿਡਿੰਗ ਨੂੰ ਘਰ 'ਚ ਬੋਲਣ ਦੇ ਅਭਿਆਸ ਨਾਲ ਜੋੜਦਾ ਹੈ। ਉਨ੍ਹਾਂ ਅੱਗੇ ਕਿਹਾ ਕਿ ਇਹ ਪਹਿਲ ਪੰਜਾਬ ਸਕੂਲ ਸਿੱਖਿਆ ਵਿਭਾਗ ਦੁਆਰਾ ਇੰਗਲਿਸ਼ ਹੈਲਪਰ ਦੇ ਸਹਿਯੋਗ ਨਾਲ ਲਾਗੂ ਕੀਤੀ ਜਾ ਰਹੀ ਹੈ। ਪੰਜਾਬ ਸਰਕਾਰ ਦੀ ਪਹਿਲਕਦਮੀ ਦੀ ਸ਼ਲਾਘਾ ਕਰਦਿਆਂ ਸ੍ਰੀ ਮਨੀਸ਼ ਸਿਸੋਦੀਆ ਨੇ ਕਿਹਾ ਕਿ ਟੈਗਲਾਈਨ 'ਲਰਨ ਸਮਾਰਟ, ਸਪੀਕ ਸ਼ਾਰਪ' ਪ੍ਰੋਗਰਾਮ ਦੇ ਦ੍ਰਿਸ਼ਟੀਕੋਣ ਨੂੰ ਦਰਸਾਉਂਦੀ ਹੈ ਤਾਂ ਜੋ ਵਿਦਿਆਰਥੀਆਂ ਨੂੰ ਬਦਲਦੇ ਵਿਸ਼ਵ ਨਾਲ ਵਿਕਸਤ ਹੋਣ, ਸੁਤੰਤਰ ਤੌਰ 'ਤੇ ਸੋਚਣ ਅਤੇ ਜੀਵਨ ਦੇ ਹਰ ਖੇਤਰ 'ਚ ਵਿਸ਼ਵਾਸ ਨਾਲ ਸੰਚਾਰ ਕਰਨ ਵਿਚ ਮਦਦ ਕੀਤੀ ਜਾ ਸਕੇ।

ਗਊਸ਼ਾਲਾ ਸ਼ੋਰੋਂ ਵਿਖੇ ਸੰਤ ਸਮਾਜ ਦੀ ਮੀਟਿੰਗ ਤੋਂ ਬਾਅਦ ਜਾਣਕਾਰੀ ਦਿੰਦੇ ਹੋਏ ਸੰਤ ਮਹਾਂਪੁਰਸ਼। ਤਸਵੀਰ : ਵਿਨੋਦ

ਪੰਜਾਬ ਦੇ ਪ੍ਰਮੁੱਖ ਸੰਤ ਸਮਾਜ ਦੀ ਅਹਿਮ ਮੀਟਿੰਗ

ਸਾਧੂ ਸਮਾਜ ਦੇ ਮਸਲਿਆਂ ਲਈ ਮੁੱਖ ਮੰਤਰੀ ਤੇ ਰਾਜਪਾਲ ਪੰਜਾਬ ਨੂੰ ਮਿਲੇਗਾ ਸੰਤ ਸਮਾਜ

ਲੌਂਗੋਵਾਲ, 28 ਅਕਤੂਬਰ (ਵਿਨੋਦ ਸ਼ਰਮਾ)-ਪੰਜਾਬ ਦੇ ਪ੍ਰਮੁੱਖ ਸੰਤ ਸਮਾਜ ਦੀ ਅਹਿਮ ਮੀਟਿੰਗ ਸ੍ਰੀ ਚੰਦਰ ਗਊਸ਼ਾਲਾ ਡੇਰਾ ਨਿੰਮ ਵਾਲਾ ਸ਼ੋਰੋਂ ਵਿਖੇ ਪ੍ਰਾਚੀਨ ਉਦਾਸੀਨ ਮਹਾਂ ਮੰਡਲ ਪੰਜਾਬ ਦੇ ਪ੍ਰਧਾਨ ਮਹੰਤ ਦਿਗੰਬਰ ਮੁਨੀ ਅਖਾੜਾ ਸੰਗਲ ਵਾਲਾ ਸ੍ਰੀ ਅੰਮ੍ਰਿਤਸਰ ਸਾਹਿਬ ਦੀ ਅਗਵਾਈ ਹੇਠ ਹੋਈ। ਜਿਸ ਵਿਚ ਸਮੁੱਚੇ ਪੰਜਾਬ ਤੋਂ ਇਲਾਵਾ ਨੇੜਲੇ ਸੂਬਿਆਂ ਦੇ ਸੰਤ ਮਹਾਂ ਪੁਰਸ਼ਾਂ ਤੇ ਭੇਖ ਭਗਵਾਨ ਦੇ ਸਿਰਮੌਰ ਸਾਧੂ ਮਹਾਤਮਾਵਾਂ ਨੇ ਸ਼ਮੂਲੀਅਤ ਕੀਤੀ। ਮੀਟਿੰਗ ਦੇ ਵੇਰਵੇ ਸਾਂਝੇ ਕਰਦਿਆਂ ਡਾ. ਸਵਾਮੀ ਚੰਦਰ ਮੁਨੀ ਸ਼ੋਰੋਂ ਨੇ ਦੱਸਿਆ ਕਿ ਇਸ ਮੀਟਿੰਗ ਵਿਚ ਸਰਬੱਤ ਦੇ ਭਲੇ, ਧਰਮ ਦੇ ਪ੍ਰਚਾਰ ਪ੍ਰਸਾਰ ਤੋਂ ਇਲਾਵਾ ਡੇਰਿਆਂ ਅਤੇ ਧਾਰਮਿਕ ਸਥਾਨਾਂ ਦੀਆਂ ਜਾਇਦਾਦਾਂ 'ਤੇ ਸ਼ਰਾਰਤੀ ਅਨਸਰਾਂ ਵਲੋਂ ਰੱਖੀ ਜਾਂਦੀ ਮਾੜੀ ਨਜ਼ਰ ਸਬੰਧੀ ਤੇ ਹੋਰਨਾਂ ਸਮਾਜਿਕ ਮੁੱਦਿਆਂ 'ਤੇ ਵਿਚਾਰ ਵਟਾਂਦਰਾ ਕੀਤਾ। ਉਨ੍ਹਾਂ ਦੱਸਿਆ ਕਿ ਮੌਜੂਦਾ ਸਮੇਂ ਵਿਚ ਸਮਾਜ ਵਿਚ ਨਸ਼ੇ ਦੀ ਅਲਾਮਤ ਵੱਡੀ ਪੱਧਰ 'ਤੇ ਫੈਲ ਗਈ ਹੈ ਅਤੇ ਗਊਆਂ ਦਾ ਵੀ ਵੱਡੀ ਪੱਧਰ ਤੇ ਨਿਰਾਦਰ ਹੋ ਰਿਹਾ। ਇਨ੍ਹਾਂ ਅਲਾਮਤਾਂ ਨੂੰ ਜੜ੍ਹੋਂ ਖ਼ਤਮ ਕਰਨ ਲਈ ਸਾਧੂ ਸਮਾਜ ਵਲੋਂ ਧਾਰਮਿਕ ਪ੍ਰਚਾਰ ਪ੍ਰਸਾਰ ਅਤੇ ਲੋੜੀਂਦੇ ਪ੍ਰਬੰਧ ਕਰ ਕੇ ਉਪਰਾਲੇ ਆਰੰਭ ਕੀਤੇ ਜਾਣਗੇ। ਉਨ੍ਹਾਂ ਇਹ ਵੀ ਦੱਸਿਆ ਕਿ ਕੁੱਝ ਥਾਵਾਂ 'ਤੇ ਸ਼ਰਾਰਤੀ ਅਨਸਰਾਂ ਵਲੋਂ ਡੇਰਿਆਂ ਅਤੇ ਧਾਰਮਿਕ ਸਥਾਨਾਂ 'ਤੇ ਬੇਅਦਬੀ ਦੀਆਂ ਘਟਨਾਵਾਂ ਵਾਪਰ ਰਹੀਆਂ ਹਨ ਡੇਰਿਆਂ ਦੀਆਂ ਜਾਇਦਾਦਾਂ ਨੂੰ ਹੜੱਪ ਕਰਨ ਦੇ ਮਕਸਦ ਨਾਲ ਸਾਧੂ ਸੰਤਾਂ ਨੂੰ ਤੰਗ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ। ਅਜਿਹੇ ਨਾਪਾਕ ਅਨਸਰਾਂ ਨੂੰ ਨੱਥ ਪਾਉਣ ਲਈ ਜਲਦ ਹੀ ਸਾਧੂ ਸਮਾਜ ਮੁੱਖ ਮੰਤਰੀ ਭਗਵੰਤ ਮਾਨ ਤੇ ਰਾਜਪਾਲ ਪੰਜਾਬ ਨੂੰ ਮਿਲ ਕੇ ਜ਼ਮੀਨੀ ਹਕੀਕਤ ਤੋਂ ਜਾਣੂੰ ਕਰਵਾਏਗਾ। ਇਸ ਮੌਕੇ ਸੰਤ ਜਮੁਨਾ ਦਾਸ ਦੁੰਨੇ, ਸੰਤ ਮੱਖਣ ਮੁਨੀ ਡੂੰਮ, ਸੰਤ ਸੇਵਾਦਾਸ ਕੋਟਫੱਤਾ, ਸੰਤ ਆਤਮਾ ਰਾਮ ਪਟਿਆਲਾ, ਸੰਤ ਸ਼ਾਂਤਾ ਨੰਦ ਬੀਰੋ ਕੇ, ਸੰਤ ਰਮੇਸ਼ ਮੁਨੀ ਤਲਵੰਡੀ ਸਾਬੋ, ਸੰਤ ਪਰਮ ਮੁਨੀ ਸਤੌਜ, ਸੰਤ ਜਗਦੀਸ਼ ਗਿਰ ਛਾਹੜ, ਸੰਤ ਪ੍ਰਕਾਸ਼ ਮੁਨੀ ਹਰਿਦੁਆਰ, ਮਹਾਂ ਮੰਡਲੇਸ਼ਵਰ ਸਵਾਮੀ ਜੋਗਿੰਦਰਾ ਨੰਦ ਸੰਘਰੀਆ ਮੰਡੀ, ਸੰਤ ਬਾਲਕ ਨਾਥ ਬੀਰੋ ਕੇ, ਸੰਤ ਬਲਵਿੰਦਰ ਦਾਸ ਮੁੱਲਾਂਪੁਰ, ਸੰਤ ਗਿਆਨ ਪ੍ਰਕਾਸ਼, ਸੰਤ ਵੇਦ ਪ੍ਰਕਾਸ਼ ਢੁੱਡੀ, ਸੰਤ ਰਵਿੰਦਰ ਮੁਨੀ ਫੇਰੂਮਾਨ, ਸੰਤ ਬਲਵੰਤ ਮੁਨੀ ਤੁੰਗਵਾਲੀ, ਸੰਤ ਭਗਵਾਨ ਦਾਸ ਤਪਾ, ਸੰਤ ਰਾਮ ਸ਼ਰਨ ਦਾਸ ਮੰਡੀ ਗੋਬਿੰਦਗੜ੍ਹ, ਸੰਤ ਸੋਹਣ ਦਾਸ ਰਾਜਸਥਾਨ, ਸੰਤ ਸੁਖਦੇਵ ਦਾਸ ਮਾਜਰੀ, ਸੰਤ ਧਰਮ ਮੁਨੀ ਅਲਾਲ, ਸੰਤ ਰੁੜਕੀ ਦਾਸ ਬੀਰ ਕਲਾਂ, ਸੰਤ ਅਵਤਾਰ ਦਾਸ ਅਲੀਸ਼ੇਰ, ਸੰਤ ਗੋਪਾਲ ਦਾਸ ਅੰਮ੍ਰਿਤਸਰ, ਸੰਤ ਕਮਲ ਦਾਸ ਜੈਤੋ, ਸੰਤ ਸਾਧੂ ਰਾਮ ਪਟਿਆਲਾ, ਸੰਤ ਸੱਤਪ੍ਰਕਾਸ਼ ਧੂੜਕੋਟ, ਸੰਤ ਦਰਸ਼ਨ ਦਾਸ ਡੱਬਵਾਲੀ, ਸੰਤ ਗੋਪਾਲ ਦਾਸ ਕਿਆਲੇ ਬਾਂਦਰ, ਸੰਤ ਲਖਵਿੰਦਰ ਦਾਸ ਤੁੰਗਵਾਲੀ, ਸੰਤ ਕਲਿਆਣ ਦਾਸ ਗਿੱਲ ਪੱਤੀ, ਸੰਤ ਬਲਜੀਤ ਦਾਸ ਗੁਰੂਸਰ, ਸੰਤ ਬਲਵਿੰਦਰ ਦਾਸ ਅਲਬੇਲਾ, ਸੰਤ ਪਰਸ਼ੋਤਮ ਦਾਸ ਖਿਜਰੀ ਵਾਲਾ, ਸੰਤ ਗੋਪੀ ਦਾਸ ਗਹਿਰੀ ਬੁੱਟਰ, ਸੰਤ ਮਨਸ਼ਾ ਦਾਸ ਅਤੇ ਹੋਰ ਸੰਤ ਮਹਾਂਪੁਰਸ਼ ਹਾਜ਼ਰ ਸਨ।

ਪੰਜਾਬ ਸਰਕਾਰ ਦੀ ਮਾੜੀ ਹਾਲਤ 'ਤੇ ਹਾਈ ਕੋਰਟ ਵਲੋਂ ਸਰਕਾਰ ਨੂੰ ਨੋਟਿਸ

ਸਿੱਖਿਆ ਸਕੱਤਰ ਨੂੰ 15 ਦਸੰਬਰ ਤੱਕ ਰਿਪੋਰਟ ਪੇਸ਼ ਕਰਨ ਦੇ ਹੁਕਮ

ਚੰਡੀਗੜ੍ਹ, 28 ਅਕਤੂਬਰ (ਸੰਦੀਪ ਕੁਮਾਰ ਮਾਹਨਾ)-ਪੰਜਾਬ ਦੇ ਸਰਕਾਰੀ ਸਕੂਲਾਂ 'ਚ ਮੁੱਢਲੀਆਂ ਸਹੂਲਤਾਂ ਤੇ ਸਟਾਫ਼ ਦੀ ਭਾਰੀ ਕਮੀ ਨੂੰ ਲੈ ਕੇ ਪੰਜਾਬ ਤੇ ਹਰਿਆਣਾ ਹਾਈ ਕੋਰਟ ਨੇ ਗੰਭੀਰ ਰੁਖ ਅਖ਼ਤਿਆਰ ਕੀਤਾ ਹੈ। ਅਦਾਲਤ ਨੇ ਇਸ ਨੂੰ ਜਨਹਿਤ ਦਾ ਮਾਮਲਾ ਮੰਨਦਿਆਂ ਪੰਜਾਬ ਸਰਕਾਰ ਨੂੰ ਨੋਟਿਸ ਜਾਰੀ ਕੀਤਾ ਹੈ ਅਤੇ ਸਿੱਖਿਆ ਸਕੱਤਰ ਨੂੰ 15 ਦਸੰਬਰ ਤੱਕ ਵਿਸਤ੍ਰਿਤ ਰਿਪੋਰਟ ਪੇਸ਼ ਕਰਨ ਦੇ ਆਦੇਸ਼ ਦਿੱਤੇ ਹਨ। ਚੀਫ਼ ਜਸਟਿਸ ਸ਼ੀਲ ਨਾਗੂ ਅਤੇ ਜਸਟਿਸ ਸੰਜੀਵ ਬੇਰੀ ਦੀ ਬੈਂਚ ਨੇ ਮੰਗਲਵਾਰ ਨੂੰ ਇਹ ਆਦੇਸ਼ ਜਾਰੀ ਕੀਤੇ। ਅਦਾਲਤ ਨੇ ਇਹ ਨੋਟਿਸ ਉਸ ਸਮੇਂ ਲਿਆ ਜਦੋਂ ਸਿੰਗਲ ਬੈਂਚ ਸਾਹਮਣੇ ਸਕੂਲਾਂ ਨਾਲ ਜੁੜੇ ਦੋ ਕੇਸਾਂ ਦੀ ਸੁਣਵਾਈ ਹੋ ਰਹੀ ਸੀ। ਬੈਂਚ ਨੇ ਪਹਿਲਾਂ ਹੀ ਸਿੱਖਿਆ ਵਿਭਾਗ ਤੋਂ ਸੂਬੇ ਦੇ ਸਾਰੇ ਸਰਕਾਰੀ ਮਿਡਲ ਸਕੂਲਾਂ ਦੀ ਅਸਲੀ ਸਥਿਤੀ ਬਾਰੇ ਜਾਣਕਾਰੀ ਮੰਗੀ ਸੀ। ਅਦਾਲਤ ਨੇ ਸਿੱਖਿਆ ਸਕੱਤਰ ਨੂੰ ਦੱਸ ਬਿੰਦੂਆਂ 'ਤੇ ਹਲਫ਼ਨਾਮਾ ਪੇਸ਼ ਕਰਨ ਦੇ ਹੁਕਮ ਦਿੱਤੇ ਹਨ।

ਹਾਈ ਕੋਰਟ ਨੇ ਪੁੱਛਿਆ ਹੈ ਕਿ

- ਕਿੰਨੇ ਮਿਡਲ ਸਕੂਲ ਅਜਿਹੇ ਹਨ ਜਿੱਥੇ ਪੰਜ ਤੋਂ ਘੱਟ ਕਮਰੇ ਹਨ?
- ਕਿਹੜੇ ਸਕੂਲਾਂ 'ਚ ਨਿਯਮਤ ਪ੍ਰਿੰਸੀਪਲ ਤੇ ਪੂਰਾ ਸਟਾਫ਼ ਮੌਜੂਦ ਨਹੀਂ?
- ਕਿਹੜੇ ਸਕੂਲਾਂ 'ਚ ਵਿਦਿਆਰਥੀਆਂ, ਵਿਦਿਆਰਥਣਾਂ ਅਤੇ ਸਟਾਫ਼ ਲਈ ਵੱਖਰੇ ਪਖਾਨੇ ਨਹੀਂ?
- ਕੀ ਸਕੂਲਾਂ 'ਚ ਸਾਫ਼ ਪੀਣ ਵਾਲਾ ਪਾਣੀ, ਸਫ਼ਾਈ ਕਰਮਚਾਰੀ ਤੇ ਪਖਾਨਿਆਂ ਦੀ ਸਫ਼ਾਈ ਸਮੱਗਰੀ ਲਈ ਰਾਸ਼ੀ ਉਪਲਬਧ ਹੈ?

ਇਸ ਤੋਂ ਇਲਾਵਾ ਅਦਾਲਤ ਨੇ ਉਨ੍ਹਾਂ ਸਕੂਲਾਂ ਦੀ ਸੂਚੀ ਵੀ ਮੰਗੀ ਹੈ, ਜਿੱਥੇ ਵਿਦਿਆਰਥੀਆਂ ਦੀ ਨਾਮਜ਼ਦਗੀ 50 ਤੋਂ ਘੱਟ ਹੈ ਅਤੇ ਪੁੱਛਿਆ ਕਿ ਸਰਕਾਰ ਨੇ ਨਾਮਜ਼ਦਗੀ ਵਧਾਉਣ ਲਈ ਕਿਹੜੇ ਉਪਰਾਲੇ ਕੀਤੇ ਹਨ। ਕੋਰਟ ਨੇ ਇਹ ਵੀ ਕਿਹਾ ਹੈ ਕਿ ਉਨ੍ਹਾਂ ਸਕੂਲਾਂ ਬਾਰੇ ਜਾਣਕਾਰੀ ਦਿੱਤੀ ਜਾਵੇ ਜਿੱਥੇ ਖੇਡ ਦਾ ਮੈਦਾਨ ਨਹੀਂ ਹੈ ਜਾਂ ਵਿਦਿਆਰਥਣਾਂ ਲਈ 'ਨੈਪਕਿਨ ਵੈਂਡਿੰਗ ਮਸ਼ੀਨ' ਦੀ ਸੁਵਿਧਾ ਨਹੀਂ ਹੈ। ਸੁਣਵਾਈ ਦੌਰਾਨ ਅਦਾਲਤ ਨੇ ਤਿੱਖੀ ਟਿੱਪਣੀ ਕਰਦਿਆਂ ਕਿਹਾ ਕਿ ਕਈ ਸਕੂਲਾਂ ਦੀ ਹਾਲਤ ਇਸ ਹੱਦ ਤੱਕ ਬਦਤਰ ਹੈ ਕਿ ਇਹ ਸੋਚਣ ਲਈ ਮਜਬੂਰ ਕਰ ਦਿੰਦੀ ਹੈ ਕਿ 'ਕੀ ਇਹ ਸਕੂਲ ਭਾਰਤ 'ਚ ਹਨ ਜਾਂ ਅਫ਼ਗਾਨਿਸਤਾਨ 'ਚ'। ਸਿੱਖਿਆ ਵਰਗੇ ਬੁਨਿਆਦੀ ਖੇਤਰ 'ਚ ਇਸ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤਯੋਗ ਨਹੀਂ।

ਇਹ ਸੀ ਮਾਮਲਾ

ਇਹ ਮਾਮਲਾ ਉਸ ਵੇਲੇ ਸਾਹਮਣੇ ਆਇਆ ਜਦੋਂ ਅੰਮ੍ਰਿਤਸਰ ਜ਼ਿਲ੍ਹੇ ਦੇ ਪਿੰਡ ਤਪੀਲਾ ਦੇ ਸਰਕਾਰੀ ਮਿਡਲ ਸਕੂਲ ਦੇ ਅਧਿਆਪਕ ਵਿਕਰਮਜੀਤ ਸਿੰਘ ਨੇ ਹਾਈ ਕੋਰਟ 'ਚ ਅਰਜ਼ੀ ਦਾਇਰ ਕੀਤੀ। ਵਿਕਰਮਜੀਤ ਸਿੰਘ ਨੇ ਸ਼ਿਕਾਇਤ ਕੀਤੀ ਕਿ ਤਬਾਦਲਾ ਹੋਣ ਦੇ ਬਾਵਜੂਦ ਉਨ੍ਹਾਂ ਨੂੰ ਰਾਹਤ ਨਹੀਂ ਦਿੱਤੀ ਜਾ ਰਹੀ। ਅਧਿਆਪਕ ਨੇ ਦੱਸਿਆ ਕਿ ਉਹ ਸਕੂਲ 'ਚ ਇਕੱਲੇ ਹੀ ਅਧਿਆਪਕ ਹਨ, ਸਕੂਲ ਵਿਚ ਛੇਵੀਂ ਤੋਂ ਅੱਠਵੀਂ ਤੱਕ ਦੀਆਂ ਤਿੰਨ ਕਲਾਸਾਂ ਲਈ ਸਿਰਫ਼ ਇਕ ਕਮਰਾ ਹੈ, ਵਿਦਿਆਰਥੀਆਂ ਲਈ ਕੇਵਲ ਦੋ ਪਖਾਨੇ ਹਨ ਅਤੇ ਅਧਿਆਪਕਾਂ ਲਈ ਵੱਖਰਾ ਪਖਾਨਾ ਹੀ ਨਹੀਂ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਸਕੂਲ 'ਚ ਕੋਈ ਨਿਯਮਿਤ ਪ੍ਰਿੰਸੀਪਲ ਨਹੀਂ, ਸਗੋਂ ਕਿਸੇ ਹੋਰ ਕੁੜੀਆਂ ਦੇ ਸੀਨੀਅਰ ਸਕੈਂਡਰੀ ਸਕੂਲ ਦੀ ਪ੍ਰਿੰਸੀਪਲ ਨੂੰ ਵਾਧੂ ਜ਼ਿੰਮੇਵਾਰੀ ਦਿੱਤੀ ਗਈ ਹੈ, ਜੋ ਪਹਿਲਾਂ ਹੀ ਬਿਆਸ ਦੇ ਇਕ ਹੋਰ ਸਕੂਲ ਦਾ ਕੰਮ ਸੰਭਾਲ ਰਹੀ ਹੈ। ਹਾਈ ਕੋਰਟ ਨੇ ਸਖ਼ਤ ਲਹਿਜ਼ੇ 'ਚ ਕਿਹਾ ਕਿ ਜੇਕਰ ਸਿੱਖਿਆ ਵਿਭਾਗ ਵਲੋਂ ਸਮੇਂ 'ਤੇ ਢੁੱਕਵੇਂ ਕਦਮ ਨਾ ਚੁੱਕੇ ਗਏ ਤਾਂ ਅਦਾਲਤ ਸਿੱਧੀ ਕਾਰਵਾਈ ਕਰਨ ਤੋਂ ਗੁਰੇਜ਼ ਨਹੀਂ ਕਰੇਗੀ। ਬੈਂਚ ਨੇ ਸਪਸ਼ਟ ਕੀਤਾ ਕਿ ਅਗਲੀ ਸੁਣਵਾਈ ਤੋਂ ਪਹਿਲਾਂ ਸਰਕਾਰ ਨੂੰ ਹਰ ਜ਼ਿਲ੍ਹੇ ਤੋਂ ਡਾਟਾ ਇਕੱਠਾ ਕਰਕੇ ਸਕੂਲਾਂ ਦੀ ਅਸਲੀ ਤਸਵੀਰ ਅਦਾਲਤ ਅੱਗੇ ਰੱਖਣੀ ਹੋਵੇਗੀ।

ਪੰਜਾਬ 'ਚ ਹੁਣ ਤੱਕ ਪਰਾਲੀ ਸਾੜਨ ਦੇ ਮਾਮਲਿਆਂ ਵਿਚ ਆਈ ਰਿਕਾਰਡ ਕਮੀ-ਮੁੱਖ ਮੰਤਰੀ

ਯੋਜਨਾਬੱਧ ਸਾਜਿਸ਼ ਤਹਿਤ ਪੰਜਾਬ ਨੂੰ ਬਦਨਾਮ ਕਰਦੀ ਹੈ ਭਾਜਪਾ

ਚੰਡੀਗੜ੍ਹ, 28 ਅਕਤੂਬਰ (ਅਜੀਤ ਬਿਊਰੋ)-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਕਿਹਾ ਕਿ ਕਈ ਸਿਆਸੀ ਪਾਰਟੀਆਂ ਭਾਰਤੀ ਚੋਣ ਕਮਿਸ਼ਨ ਵਲੋਂ ਵੋਟਰ ਸੂਚੀਆਂ ਦੀ ਵਿਸ਼ੇਸ਼ ਪੜਤਾਲ (ਸਪੈਸ਼ਲ ਇੰਟੈਂਸਿਵ ਰਿਵੀਜ਼ਨ) ਦੀ ਪ੍ਰਕਿਰਿਆ 'ਤੇ ਇਤਰਾਜ਼ ਉਠਾ ਰਹੀਆਂ ਹਨ, ਜਿਸ ਕਰਕੇ ਸੰਵਿਧਾਨਕ ਸੰਸਥਾ ਵਲੋਂ ਇਸ ਮੁੱਦੇ 'ਤੇ ਉਲਝੀ ਤਾਣੀ ਵਾਲੀ ਸਥਿਤੀ ਨੂੰ ਸਪੱਸ਼ਟ ਕੀਤਾ ਜਾਣਾ ਚਾਹੀਦਾ ਹੈ। ਅੱਜ ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਚੋਣ ਕਮਿਸ਼ਨ ਵਲੋਂ ਕੀਤੀਆਂ ਜਾ ਰਹੀਆਂ ਕਾਰਵਾਈਆਂ, ਖਾਸ ਕਰਕੇ ਐਸ.ਆਈ.ਆਰ. ਤੋਂ ਅਜਿਹਾ ਨਹੀਂ ਲੱਗਣਾ ਚਾਹੀਦਾ ਕਿ ਉਹ ਵੋਟ ਚੋਰੀ ਦੇ ਉਦੇਸ਼ ਨਾਲ ਲੋਕਤੰਤਰ ਦੀ ਆਵਾਜ਼ ਨੂੰ ਦਬਾ ਰਹੇ ਹਨ। ਉਨ੍ਹਾਂ ਕਿਹਾ ਕਿ ਚੋਣ ਕਮਿਸ਼ਨ ਨੂੰ ਮੂਕ ਦਰਸ਼ਕ ਬਣਨ ਦੀ ਬਜਾਏ ਵਿਰੋਧੀ ਧਿਰ ਦੇ ਇਤਰਾਜ਼ਾਂ ਵੱਲ ਧਿਆਨ ਦੇ ਕੇ ਇਨ੍ਹਾਂ ਨੂੰ ਸਪੱਸ਼ਟ ਕਰਨਾ ਚਾਹੀਦਾ ਹੈ। ਭਗਵੰਤ ਮਾਨ ਨੇ ਕਿਹਾ ਕਿ ਚੋਣ ਕਮਿਸ਼ਨ ਦਾ ਫਰਜ਼ ਬਣਦਾ ਹੈ ਕਿ ਉਹ ਵੱਖ-ਵੱਖ ਸਿਆਸੀ ਪਾਰਟੀਆਂ ਵਲੋਂ ਉਠਾਏ ਜਾ ਰਹੇ ਸਾਰੇ ਮੁੱਦਿਆਂ ਦਾ ਜਵਾਬ ਦੇਵੇ। ਇਕ ਸਵਾਲ ਦੇ ਜਵਾਬ ਵਿੱਚ ਮੁੱਖ ਮੰਤਰੀ ਨੇ ਕਿਹਾ ਕਿ ਕੌਮੀ ਰਾਜਧਾਨੀ ਵਿਚ ਪ੍ਰਦੂਸ਼ਣ ਲਈ ਪੰਜਾਬ ਨੂੰ ਪਰਾਲੀ ਸਾੜਨ ਦੇ ਨਾਂਅ 'ਤੇ ਯੋਜਨਾਬੱਧ ਸਾਜਿਸ਼ ਤਹਿਤ ਬਦਨਾਮ ਕੀਤਾ ਜਾ ਰਿਹਾ ਹੈ, ਜਦੋਂਕਿ ਸਚਾਈ ਇਸ ਤੋਂ ਬਿਲਕੁਲ ਵੱਖਰੀ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਅਨਾਜ ਮੰਡੀਆਂ ਵਿਚ ਅਜੇ ਲਗਭਗ 90 ਲੱਖ ਮੀਟਰਕ ਟਨ (ਐਲ.ਐਮ.ਟੀ.) ਫਸਲ ਆਉਣੀ ਹੈ, ਜਿਸ ਕਰਕੇ ਸੂਬੇ ਵਿਚ ਪਰਾਲੀ ਸਾ